# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 12-06-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਹਿਮਦਾਬਾਦ ਵਿੱਚ ਏਅਰ ਇੰਡੀਆ ਜਹਾਜ਼ ਹਾਦਸੇ ਵਿੱਚ ਬਚੇ ਇਕੋ ਇੱਕ ਵਿਅਕਤੀ ਅਤੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਨੇ ਹਾਦਸੇ ਵਾਲੀ ਥਾਂ ਦਾ ਦੌਰਾ ਕਰਕੇ ਉੱਚ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ।
- ਭਾਰਤੀ ਦੂਤਾਵਾਸਾਂ ਵਲੋਂ ਇਜ਼ਰਾਈਲ ਤੇ ਈਰਾਨ ਵਿੱਚ ਆਪਣੇ ਨਾਗਰਿਕਾਂ ਨੂੰ ਸੁਚੇਤ ਰਹਿਣ ਲਈ ਸਲਾਹ ਜਾਰੀ - ਵਧਦੇ ਸੰਘਰਸ਼ ਦੌਰਾਨ ਏਅਰ ਇੰਡੀਆ ਦੀਆਂ 16 ਕੌਮਾਂਤਰੀ ਉਡਾਣਾਂ ਪ੍ਰਭਾਵਿਤ ਹੋਈਆਂ।
- ਭਾਰਤੀ ਖੇਡ ਅਥਾਰਟੀ ਦੇ ਡਾਇਰੈਕਟਰ ਜਨਰਲ ਹਰੀ ਰੰਜਨ ਰਾਓ ਨੇ ਪਟਿਆਲਾ ਸਥਿਤ NIS ਦਾ ਦੋ ਦਿਨਾਂ ਦੌਰਾ ਕੀਤਾ।

- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਪਹਿਲੀ ਜੰਗ ਫ਼ਤਹਿ ਕਰਨ ਦੀ ਯਾਦ 'ਚ ਸਜਾਇਆ ਨਗਰ ਕੀਰਤਨ।
- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ ਲੂ ਦੀ ਗੰਭੀਰ ਸਥਿਤੀ ਦੇ ਮੱਦੇਨਜ਼ਰ ਰੈਡ ਅਲਰਟ ਜਾਰੀ।

ਹੁਣ ਖਬਰਾਂ ਵਿਸਥਾਰ ਨਾਲ.....

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ ਗੁਜਰਾਤ ਦੇ ਅਹਿਮਦਾਬਾਦ ਸਿਵਲ ਹਸਪਤਾਲ ਦਾ ਦੌਰਾ ਕੀਤਾ ਅਤੇ ਏਅਰ ਇੰਡੀਆ ਜਹਾਜ਼ ਹਾਦਸੇ ਦੇ ਜ਼ਖਮੀਆਂ ਨਾਲ ਮੁਲਾਕਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਪੂਰਾ ਦੇਸ਼ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ ਤੋਂ ਹੈਰਾਨ ਏ। ਉਨ੍ਹਾਂ ਕਿਹਾ ਕਿ ਦਿਲ ਦਹਿਲਾ ਦੇਣ ਵਾਲੇ ਢੰਗ ਨਾਲ ਅਚਾਨਕ ਇੰਨੇ ਲੋਕਾਂ ਦੀ ਮੌਤ ਬਹੁਤ ਦੁਖਦਾਈ ਏ। ਉਨ੍ਹਾਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ। ਪ੍ਰਧਾਨ ਮੰਤਰੀ ਨੇ ਹਾਦਸੇ ਵਿਚ ਬਚੇ ਇਕੋ ਇਕ ਮਸਾਫਰ ਭਾਰਤੀ ਮੂਲ ਦੇ ਬ੍ਰਿਟਿਸ਼ ਨਾਗਰਿਕ ਵਿਸ਼ਵਾਸ ਕੁਮਾਰ ਰਮੇਸ਼ ਨਾਲ ਹਸਪਤਾਲ ਵਿਚ ਮੁਲਾਕਾਤ ਕੀਤੀ। ਵਿਸ਼ਵਾਸ ਕੁਮਾਰ ਨੇ ਪ੍ਰਧਾਨ ਮੰਤਰੀ ਨਾਲ ਹਾਦਸੇ ਨਾਲ ਸਬੰਧਤ ਆਪਣੇ ਤਜਰਬੇ ਸਾਂਝੇ

ਕੀਤੇ। ਸ਼੍ਰੀ ਮੋਦੀ ਨੇ ਹਾਦਸੇ ਵਾਲੀ ਥਾਂ ਦਾ ਵੀ ਦੌਰਾ ਕੀਤਾ ਅਤੇ ਉੱਥੇ ਬਚਾਅ ਕਾਰਜਾਂ ਵਿੱਚ ਲੱਗੇ ਅਧਿਕਾਰੀਆਂ ਅਤੇ ਹੋਰਾਂ ਨਾਲ ਮੁਲਾਕਾਤ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਬਾਅਦ ਵਿੱਚ, ਪ੍ਰਧਾਨ ਮੰਤਰੀ ਨੇ ਅਹਿਮਦਾਬਾਦ ਵਿੱਚ ਅਧਿਕਾਰੀਆਂ ਨਾਲ ਇੱਕ ਸਮੀਖਿਆ ਮੀਟਿੰਗ ਕੀਤੀ। ਉਨ੍ਹਾਂ ਨੇ ਹਾਦਸੇ ਵਿੱਚ ਮਾਰੇ ਗਏ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ।

-----------------------------------------------------------

ਕਿਸਮਤ ਕਦੋਂ, ਕਿਹੜਾ ਮੋੜ ਲਵੇਗੀ ਕੋਈ ਨਹੀਂ ਜਾਣਦਾ। ਇੱਕ ਛੋਟਾ ਜਿਹਾ ਇਤਫ਼ਾਕ ਵੀ ਜ਼ਿੰਦਗੀ ਅਤੇ ਮੌਤ ਦਾ ਫੈਸਲਾ ਕਰ ਦਿੰਦਾ ਏ। ਕੱਲ੍ਹ ਹੋਏ ਏਅਰ ਇੰਡੀਆ ਜਹਾਜ਼ ਹਾਦਸੇ ਵਿੱਚ ਇਸੇ ਤਰਾਂ ਦਾ ਦੇਖਣ ਨੂੰ ਮਿਲਿਆ। ਗੁਜਰਾਤ ਦੇ ਭਰੂਚ ਦੀ ਰਹਿਣ ਵਾਲੀ ਭੂਮੀ ਚੌਹਾਨ, ਉਨ੍ਹਾਂ ਕੁਝ ਲੋਕਾਂ ਵਿੱਚੋਂ ਇੱਕ ਏ, ਜੋ ਕਿਸਮਤ ਨਾਲ ਇਸ ਹਾਦਸੇ ਤੋਂ ਬਚ ਗਈ। ਭੂਮੀ ਚੌਹਾਨ ਨੇ ਕੱਲ੍ਹ ਉਸੇ ਏਅਰ ਇੰਡੀਆ ਦੀ ਉਡਾਣ ਰਾਹੀਂ ਲੰਡਨ ਜਾਣਾ ਸੀ ਜੋ ਹਾਦਸਾ-ਗ੍ਰਸਤ ਹੋਈ। ਭੂਮੀ ਨੇ ਦੱਸਿਆ ਕਿ ਅਹਿਮਦਾਬਾਦ ਵਿੱਚ ਭਾਰੀ ਟ੍ਰੈਫਿਕ ਕਾਰਨ ਉਹ ਫਲਾਈਟ ਚੈੱਕ-ਇਨ ਗੇਟ 'ਤੇ ਦਸ ਮਿੰਟ ਦੇਰੀ ਨਾਲ ਪਹੁੰਚੀ, ਜਿਸ ਕਾਰਨ ਉਸਨੂੰ ਜਹਾਜ਼

ਵਿੱਚ ਚੜ੍ਹਨ ਦੀ ਇਜਾਜ਼ਤ ਨਹੀਂ ਦਿੱਤੀ ਗਈ। ਦੇਰ ਨਾਲ ਪਹੁੰਚਣਾ ਉਸ ਲਈ ਵਰਦਾਨ ਸਾਬਤ ਹੋਇਆ।

ਇਸੇ ਤਰਾਂ ਇਸ ਹਾਦਸੇ ਵਿਚ ਬਚੇ ਇਕੋ ਇੱਕ ਮੁਸਾਫ਼ਰ ਵਿਸ਼ਵਾਸ਼ ਕੁਮਾਰ ਰਮੇਸ਼ ਵੀ ਕਿਸਮਤ ਦੇ ਧਨੀ ਰਹੇ ।ਉਨ੍ਹਾਂ ਆਕਾਸ਼ਵਾਣੀ ਖਬਰਾਂ ਨਾਲ ਗੱਲ ਕਰਦਿਆਂ ਕਿਹਾ ।BYTE

---------------------------------------------------------------

ਈਰਾਨ ਅਤੇ ਇਜ਼ਰਾਈਲ ਵਿਚਕਾਰ ਹਾਲ ਹੀ ਵਿੱਚ ਹੋਏ ਘਟਨਾਕ੍ਰਮ 'ਤੇ ਚਿੰਤਾ ਪ੍ਰਗਟ ਕਰਦੇ ਹੋਏ, ਭਾਰਤ ਨੇ ਦੋਵਾਂ ਧਿਰਾਂ ਨੂੰ ਤਣਾਅ ਵਧਾਉਣ ਵਾਲੇ ਕੋਈ ਵੀ ਕਦਮ ਨਾ ਚੁੱਕਣ ਦੀ ਅਪੀਲ ਕੀਤੀ ਏ । ਭਾਰਤ ਨੇ ਦੋਵਾਂ ਦੇਸ਼ਾਂ ਨੂੰ ਤਣਾਅ ਘਟਾਉਣ ਲਈ ਗੱਲਬਾਤ ਅਤੇ ਕੂਟਨੀਤੀ ਦਾ ਰਸਤਾ ਅਪਣਾਉਣ ਲਈ ਕਿਹਾ। ਵਿਦੇਸ਼ ਮੰਤਰਾਲੇ ਨੇ ਕਿਹਾ ਏ ਕਿ ਭਾਰਤ ਪ੍ਰਮਾਣੂ ਸਥਾਨਾਂ 'ਤੇ ਹਮਲਿਆਂ ਦੀ ਨਿਗਰਾਨੀ ਕਰ ਰਿਹਾ ਏ । ਦੋਵਾਂ ਦੇਸ਼ਾਂ ਦੇ ਕੂਟਨੀਤਕ ਮਿਸ਼ਨ ਭਾਰਤੀ ਭਾਈਚਾਰੇ ਦੇ ਸੰਪਰਕ ਵਿੱਚ ਨੇ । ਖੇਤਰ ਦੇ ਸਾਰੇ ਭਾਰਤੀ ਨਾਗਰਿਕਾਂ ਨੂੰ ਸਾਵਧਾਨੀ ਵਰਤਣ ਅਤੇ ਸਥਾਨਕ ਸੁਰੱਖਿਆ ਸਲਾਹ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਗਈ ਏ । ਇਸ ਦੌਰਾਨ, ਇਜ਼ਰਾਈਲ ਦੇ ਕੱਲ੍ਹ ਰਾਤ ਈਰਾਨ 'ਤੇ ਭਿਆਨਕ ਹਮਲੇ ਤੋਂ ਬਾਅਦ, ਏਅਰ ਇੰਡੀਆ ਨੇ ਆਪਣੀਆਂ 16 ਅੰਤਰ-ਰਾਸ਼ਟਰੀ ਉਡਾਣਾਂ ਦਾ ਰੂਟ ਬਦਲ ਦਿੱਤਾ ਏ ਅਤੇ ਕੁਝ ਉਡਾਣਾਂ ਨੂੰ ਵਾਪਸ ਬੁਲਾ

ਲਿਆ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਹ ਜਾਣਕਾਰੀ ਦਿੰਦੇ ਹੋਏ, ਏਅਰ ਇੰਡੀਆ ਨੇ ਕਿਹਾ ਏ ਕਿ ਬਦਲੀਆਂ ਗਈਆਂ ਉਡਾਣਾਂ ਦੇ ਮੁਸਾਫ਼ਰਾਂ ਲਈ ਬਦਲਵੇਂ ਪ੍ਰਬੰਧ ਕੀਤੇ ਜਾ ਰਹੇ ਨੇ।

---------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਸ਼ਹਿਰ ਦੇ ਸ੍ਰੀ ਗੁਰੂ ਰਵੀਦਾਸ ਨਗਰ ਵਿਖੇ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਖੱਟੀਕ ਧਰਮਸ਼ਾਲਾ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਵੀ ਸੁਣੀਆਂ ਗਈਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ ਅਤੇ ਇਸ ਲੜੀ ਤਹਿਤ ਹਲਕੇ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ।

---------------------------------------------------

ਭਾਰਤ ਸਰਕਾਰ ਦੇ ਖੇਡਾਂ ਬਾਰੇ ਸਕੱਤਰ ਅਤੇ ਭਾਰਤੀ ਖੇਡ ਅਥਾਰਟੀ ਦੇ ਡਾਇਰੈਕਟਰ ਜਨਰਲ ਹਰੀ ਰੰਜਨ ਰਾਓ ਨੇ ਪਟਿਆਲਾ ਸਥਿਤ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼ ਸਪੋਰਟਸ ਦਾ ਦੋ ਦਿਨਾਂ ਦੌਰਾ ਕੀਤਾ। ਉਨ੍ਹਾਂ ਦੇ ਨਾਲ ਅਥਾਰਟੀ ਦੇ ਸਕੱਤਰ ਵਿਸ਼ਨੂੰ ਕਾਂਤ ਤਿਵਾੜੀ ਅਤੇ ਕਰਨਲ ਐਨ.ਐਸ. ਜੌਹਲ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ। ਇਹ ਦੌਰਾ ਸੰਸਥਾ ਦੇ ਬੁਨਿਆਦੀ ਢਾਂਚੇ, ਚੱਲ ਰਹੀਆਂ

ਗਤੀਵਿਧੀਆਂ ਅਤੇ ਭਵਿੱਖ ਦੇ ਵਿਕਾਸ ਲਈ ਰਣਨੀਤਕ ਯੋਜਨਾਵਾਂ ਦੀ ਸਮੀਖਿਆ ਕਰਨ ਲਈ ਇੱਕ ਮਹੱਤਵਪੂਰਨ ਕਦਮ ਸੀ। ਦੌਰੇ ਦੌਰਾਨ, ਸ੍ਰੀ ਰਾਓ ਨੇ ਕੈਂਪਸ ਦੀਆਂ ਸਹੂਲਤਾਂ ਦਾ ਨਿਰੀਖਣ ਕੀਤਾ । ਉਨ੍ਹਾਂ ਨੇ ਬੁਨਿਆਦੀ ਢਾਂਚੇ ਦੀ ਗੁਣਵੱਤਾ ਅਤੇ ਪੈਮਾਨੇ ਦੀ ਸ਼ਲਾਘਾ ਕੀਤੀ, ਅਤੇ ਵਿਸ਼ਵ ਪੱਧਰੀ ਮਿਆਰਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੇ ਗਏ ਚੱਲ ਰਹੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਲਈ । ਸ੍ਰੀ ਰਾਓ ਨੇ ਇੱਕ ਮਜ਼ਬੂਤ ਖੇਡ ਵਾਤਾਵਰਣ ਪ੍ਰਣਾਲੀ ਬਣਾਉਣ ਲਈ ਭਾਰਤ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ ਅਤੇ ਭਾਰਤੀ ਖੇਡਾਂ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ NS NIS, ਪਟਿਆਲਾ ਦੀ ਮਹੱਤਵਪੂਰਨ ਭੂਮਿਕਾ ਦੀ ਸ਼ਲਾਘਾ ਕੀਤੀ।

-----------------------------------------------------

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵਲੋਂ ਮੁਗਲ ਫ਼ੌਜਾਂ ਨਾਲ ਹੋਏ ਪਹਿਲੇ ਯੁੱਧ ਨੂੰ ਫ਼ਤਹਿ ਕਰਨ ਦੀ ਯਾਦ ਵਿਚ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਹੰਗ ਸਿੰਘ ਜਥੇਬੰਦੀਆਂ, ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਅੱਜ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਵਿਸ਼ੇਸ਼ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ, ਦਲ ਪੰਥ

ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਨਗਰ ਕੀਰਤਨ ਵਿਚ ਨਿਹੰਗ ਸਿੰਘ ਘੋੜਿਆਂ ਸਮੇਤ ਸ਼ਾਮਲ ਹੋਏ ਅਤੇ ਰਸਤੇ ਵਿਚ ਵੱਖ-ਵੱਖ ਥਾਵਾਂ ’ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰ-ਗੇੜਾ ਨੇ ਦੱਸਿਆ ਕਿ ਛੇਵੇਂ ਪਾਤਸ਼ਾਹ ਵੱਲੋਂ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਲੜੀ ਪਹਿਲੀ ਜੰਗ ਨੂੰ ਫ਼ਤਹਿ ਕਰਨ ਦੀ ਯਾਦ ਵਿਚ 15 ਜੂਨ ਨੂੰ ਗੁਰਦੁਆਰਾ ਕਿਲ੍ਹਾ ਸ੍ਰੀ ਲੋਹਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ ਹੋਣਗੇ।

--------------------------------------------------------

ਸੀਮਾ ਸੁਰੱਖਿਆ ਬਲ (BSF) ਨੇ ਪੰਜਾਬ ਪੁਲਿਸ ਦੀ ਅੰਮ੍ਰਿਤਸਰ ਸਥਿਤ ਨਸ਼ਾ ਵਿਰੋਧੀ ਕਾਰਜ ਬਲ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਕੱਲ੍ਹ ਜ਼ਿਲ੍ਹਾ ਗੁਰਦਾਸਪੁਰ ਵਿੱਚ 2 ਮੁਲਜ਼ਮਾਂ ਨੂੰ 2 ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਦੋਵਾਂ ਬਲਾਂ ਨੇ ਗੁਰਦਾਸਪੁਰ ਦੇ ਸਰਹੱਦੀ ਖੇਤਰ ਵਿੱਚ ਉਨ੍ਹਾਂ ਦੀ ਗਤੀਵਿਧੀ ਬਾਰੇ ਖਾਸ ਜਾਣਕਾਰੀ ਦੇ ਆਧਾਰ 'ਤੇ ਕਾਰਵਾਈ ਦੀ ਯੋਜਨਾ ਬਣਾਈ ਸੀ। ਮੁਲਜ਼ਮ ਤਰਨਤਾਰਨ ਦੇ ਰਹਿਣ ਵਾਲੇ ਨੇ। ਇੱਕ ਹੋਰ ਆਪ੍ਰੇਸ਼ਨ ਵਿੱਚ, ਨਸ਼ਾ ਵਿਰੋਧੀ ਕਾਰਜ ਬਲ, ਅੰਮ੍ਰਿਤਸਰ ਨੇ ਦੋ ਤਸਕਰਾਂ - ਗੁਰਭੇਜ ਸਿੰਘ ਅਤੇ ਅਭਿਜੀਤ ਸਿੰਘ ਨੂੰ

ਗ੍ਰਿਫ਼ਤਾਰ ਕਰਕੇ ਸਰਹੱਦ ਪਾਰ ਨਸ਼ਾ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਏ  ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਸਾਢੇ 4 ਕਿਲੋਗ੍ਰਾਮ ਹੈਰੋਇਨ ਅਤੇ 11 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗੁਰਭੇਜ ਪਾਕਿਸਤਾਨ ਸਥਿਤ ਇੱਕ ਤਸਕਰ ਨਾਲ ਸਿੱਧੇ ਸੰਪਰਕ ਵਿੱਚ ਸੀ ਅਤੇ ਖੇਪ ਦੀ ਡਿਲਿਵਰੀ ਕਰਦਾ ਸੀ। ਦੋਵੇਂ ਮੁਲਜ਼ਮ ਹੈਰੋਇਨ ਵੇਚਣ ਦੀ ਕੋਸ਼ਿਸ਼ ਕਰਦੇ ਹੋਏ ਫੜੇ ਗਏ ਹਨ। ਦੋਵਾਂ ਮਾਮਲਿਆਂ ਵਿੱਚ ਹੋਰ ਜਾਂਚ ਜਾਰੀ ਏ।

---------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ, ਹਾਲ ਹੀ ਵਿੱਚ ਸੋਸ਼ਲ ਮੀਡੀਆ 'ਤੇ ਪ੍ਰਕਾਸ਼ਿਤ ਕੀਤੇ ਜਾ ਰਹੇ ਇੱਕ  ਭਰਤੀ ਨੋਟਿਸ ਨੂੰ ਫਰਜ਼ੀ ਨੂੰ ਕਰਾਰ ਦਿੱਤਾ, ਜਿਸ ਵਿਚ ਇਹ ਦਾਅਵਾ ਕੀਤਾ ਗਿਆ ਏ ਕਿ ਬੋਰਡ ਵੱਲੋਂ ਬਿਨਾਂ ਪ੍ਰੀਖਿਆ ਦੇ ਸਿੱਧੀ  ਭਰਤੀ ਕੀਤੀ ਜਾਵੇਗੀ ਅਤੇ ਅਰਜ਼ੀਆਂ ਦੀ ਆਖਰੀ ਤਾਰੀਖ 24 ਜੂਨ ਦੱਸੀ ਗਈ ਏ । ਇਹ ਜਾਅਲੀ ਨੋਟਿਸ Facebook ਪੇਜ 'ਤੇ  ਪ੍ਰਕਾਸ਼ਿਤ ਕੀਤਾ ਗਿਆ ਏ ,  ਬੋਰਡ ਨੇ ਇਹ ਸਪੱਸ਼ਟ ਕੀਤਾ ਏ ਕਿ ਇਹ ਨੋਟਿਸ ਪੂਰੀ ਤਰ੍ਹਾਂ ਫਰਜ਼ੀ ਅਤੇ ਗੈਰ-ਅਧਿਕਾਰਿਤ ਏ। ਪੰਜਾਬ ਸਕੂਲ ਸਿੱਖਿਆ ਬੋਰਡ ਨੇ ਇਸ ਤਰ੍ਹਾਂ ਦੀ ਕੋਈ ਭਰਤੀ ਪ੍ਰਕਿਰਿਆ ਸ਼ੁਰੂ ਨਹੀਂ ਕੀਤੀ ਅਤੇ ਇਹ ਨੋਟਿਸ ਕਿਸੇ ਸ਼ਰਾਰਤੀ ਅਨਸਰ ਜਾਂ ਗਰੁੱਪ ਵਲੋਂ ਲੋਕਾਂ ਨਾਲ ਧੋਖਾਧੜੀ ਕਰਨ ਦੇ

ਮਕਸਦ ਨਾਲ ਭੇਜਿਆ ਗਿਆ ਏ । ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਨੇ ਆਮ ਜਨਤਾ ਨੂੰ ਇਸ ਫਰਜ਼ੀ ਨੋਟਿਸ ਤੋਂ ਸਾਵਧਾਨ ਰਹਿਣ ਅਤੇ ਅਜਿਹੀਆਂ ਅਫਵਾਹਾਂ ਤੋਂ ਸੁਚੇਤ ਰਹਿਣ ਲਈ ਅਪੀਲ ਕੀਤੀ ਏ ।

---------------------------------------------------

ਵੋਟਾਂ ਵਾਲ਼ੇ ਦਿਨ ਪ੍ਰਬੰਧਨ ਨੂੰ ਸੁਚਾਰੂ ਬਣਾਉਣ ਲਈ ਇੱਕ ਮਹੱਤਵਪੂਰਨ ਕਦਮ ਵਿੱਚ ਚੋਣ ਕਮਿਸ਼ਨ ਨੇ ਆਪਣੇ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕੀਤੀ ਏ ਜਿਸ ਨਾਲ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਕਿਸੇ ਵੀ ਪੋਲਿੰਗ ਸਟੇਸ਼ਨ ਤੋਂ 100 ਮੀਟਰ ਤੋਂ ਬਾਅਦ ਬੂਥ ਸਥਾਪਤ ਕਰਨ ਦੀ ਇਜਾਜ਼ਤ ਦਿੱਤੀ ਗਈ ਏ । ਪਹਿਲਾਂ ਬੂਥ ਸਥਾਪਤ ਕਰਨ ਦੀ ਦੂਰੀ ਪੋਲਿੰਗ ਸਥਾਨ ਤੋਂ 200 ਮੀਟਰ ਸੀ। ਹਰੇਕ ਬੂਥ ਨੂੰ ਮੌਸਮ ਦੀ ਸੁਰੱਖਿਆ ਲਈ ਇੱਕ ਛੱਤਰੀ ਅਤੇ ਇੱਕ ਮੇਜ਼, ਦੋ ਕੁਰਸੀਆਂ ਰੱਖਣ ਦੀ ਇਜਾਜ਼ਤ ਦਿਤੀ ਗਈ ਏ । ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਸੁਚਾਰੂ ਅਤੇ ਨਿਰਪੱਖ ਪੋਲਿੰਗ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਇਹਨਾਂ ਸੋਧੇ ਹੋਏ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਏ ।

---------------------------------------------------

ਇਸੇ ਦੌਰਾਨ ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਜੈਨ ਨੇ

ਦੱਸਿਆ ਕਿ ਚੋਣ ਕਮਿਸ਼ਨ ਨੇ ਵੋਟਰਾਂ ਨੂੰ ਆਪਣੀ ਵੋਟ ਪਾਉਣ ਲਈ ਚੋਣ ਫੋਟੋ ਸ਼ਨਾਖਤੀ ਕਾਰਡ ਅਤੇ 12 ਬਦਲਵੇਂ ਦਸਤਾਵੇਜ਼ਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਏ । ਵੋਟਰ ਕਾਰਡ ਤੋਂ ਇਲਾਵਾ, ਚੋਣ ਕਮਿਸ਼ਨ ਦੁਆਰਾ ਨਿਰਧਾਰਤ ਹੋਰ 12 ਬਦਲਵੇਂ ਪਛਾਣ ਪੱਤਰਾਂ ਵਿੱਚ ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਪੈਨ ਕਾਰਡ, ਮਨਰੇਗਾ ਕਾਰਡ, ਕਿਰਤ ਮੰਤਰਾਲੇ ਵਲੋਂ ਜਾਰੀ ਕੀਤਾ ਗਿਆ ਸਿਹਤ ਬੀਮਾ ਸਮਾਰਟ ਕਾਰਡ, ਫੋਟੋ ਸਮੇਤ ਪੈਨਸ਼ਨ ਦਸਤਾਵੇਜ਼ ਅਤੇ ਆਧਾਰ ਕਾਰਡ ਸਮੇਤ ਹੋਰ ਕਈ ਪਛਾਣ ਪੱਤਰ ਸ਼ਾਮਲ ਹਨ। ਜ਼ਿਲ੍ਹਾ ਚੋਣ ਅਫ਼ਸਰ ਨੇ ਵੋਟਰਾਂ ਨੂੰ 19 ਜੂਨ ਨੂੰ ਬਿਨਾਂ ਕਿਸੇ ਡਰ ਭੈਅ ਦੇ ਉਤਸ਼ਾਹ ਨਾਲ ਆਪਣੀ ਵੋਟ ਪਾਉਣ ਦੀ ਵੀ ਅਪੀਲ ਕੀਤੀ।

---------------------------------------------------

ਮੌਸਮ ਵਿਭਾਗ ਨੇ ਪੰਜਾਬ ਹਰਿਆਣਾ ਅਤੇ ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ ਗੰਭੀਰ ਲੂ ਦੀ ਸਥਿਤੀ ਦੇ ਮੱਦੇਨਜ਼ਰ ਰੈਡ ਅਲਰਟ ਜਾਰੀ ਕੀਤਾ ਏ । ਸੂਬੇ ਦੇ ਕਈ ਹਿੱਸਿਆਂ ਵਿੱਚ ਲੂ ਨੂੰ ਵੇਖਦੇ ਹੋਏ ਆਉਣ ਵਾਲੇ ਕੁਝ ਦਿਨਾਂ ਲਈ ਓਰੇਂਜ ਅਲਰਟ ਜਾਰੀ ਕੀਤਾ ਗਿਆ ਏ ।ਏਧਰ ਜਲੰਧਰ ਸਮੇਤ ਕੁਝ ਥਾਵਾਂ ਤੇ ਅਚਾਨਕ ਬੱਦਲਵਾਈ ਬਣਾ ਗਈ ਤੇ ਗਰਮ ਹਵਾਵਾਂ ਵੱਗ ਰਹੀਆਂ ਨੇ । ਹਾਲਾਂਕਿ, 15 ਜੂਨ ਤੋਂ ਚੱਲ ਰਹੇ ਗਰਮ ਮੌਸਮ ਦੇ ਹਾਲਾਤ ਤੋਂ ਥੋੜ੍ਹੀ ਰਾਹਤ ਮਿਲਣ ਦੀ ਸੰਭਾਵਨਾ ਏ

।

-------------------------------------------------------------

ਜਲੰਧਰ ਦੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਸੱਤਿਅਮ ਕਾਲਜ ਸਕਿੱਲ ਸੈਂਟਰ, ਲੋਹੀਆਂ ਖਾਸ ਵਿਖੇ ਕਾਊਂਸਲਿੰਗ ਸੈਸ਼ਨ ਕਰਵਾਇਆ ਗਿਆ। ਬਿਊਰੋ ਦੇ ਡਿਪਟੀ ਡਾਇਰੈਕਟਰ ਨੀਲਮ ਮਹੇ ਨੇ ਦੱਸਿਆ ਕਿ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਤਹਿਤ ਕਰਵਾਏ ਗਏ ਇਸ ਸੈਸ਼ਨ ਵਿੱਚ ਬਿਊਰੋ ਤੋਂ ਕਰੀਅਰ ਕਾਊਂਸਲਰ ਭਾਰਤੀ ਸ਼ਰਮਾ ਅਤੇ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ, ਜਲੰਧਰ ਤੋਂ ਬੀ.ਟੀ.ਐਮ. ਮਨਦੀਪ ਕੌਰ ਨੇ ਬੁਲਾਰੇ ਵਜੋਂ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਮੌਜੂਦਾ ਨੌਕਰੀ ਬਾਜ਼ਾਰ ਵਿੱਚ ਹੁਨਰਮੰਦ ਕਰਮਚਾਰੀਆਂ ਦੀ ਮਹੱਤਤਾ ਅਤੇ ਵਧਦੀ ਮੰਗ ਬਾਰੇ ਭਾਗੀਦਾਰਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਮਹਿਲਾ ਸਸ਼ਕਤੀਕਰਨ 'ਤੇ ਜ਼ੋਰ ਦਿੰਦਿਆਂ ਔਰਤਾਂ ਨੂੰ ਸਵੈ-ਰੋਜ਼ਗਾਰ ਅਤੇ ਉੱਦਮਤਾ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਭਾਗੀਦਾਰਾਂ ਨੂੰ ਹੁਨਰ ਵਿਕਾਸ ਦੇ ਮੌਕਿਆਂ ਦੀ ਪੜਚੋਲ ਕਰਨ ਅਤੇ ਇਸ ਨੂੰ ਆਪਣੇ ਭਵਿੱਖ ਦੀ ਯੋਜਨਾਬੰਦੀ ਦੇ ਹਿੱਸੇ ਵਜੋਂ ਵਿਚਾਰਣ ਲਈ ਉਤਸ਼ਾਹਿਤ ਕੀਤਾ ਗਿਆ, ਜੋ ਕਿ ਔਰਤਾਂ ਦੇ ਸਸ਼ਕਤੀਕਰਨ ਅਤੇ ਆਰਥਿਕ ਸ਼ਮੂਲੀਅਤ ਦੇ ਵਿਆਪਕ ਟੀਚਿਆਂ ਦੀ ਪ੍ਰਾਪਤੀ ਲਈ ਅਤਿ ਜ਼ਰੂਰੀ ਏ ।